# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

## 13:10

## ਮਿਤੀ :25-06-2026

ਅੱਜ ਸੰਵਿਧਾਨ ਹਤਿਆ ਦਿਵਸ ਮਨਾਇਆ ਜਾ ਰਿਹਾ ਏ । ਇਹ ਉਸ ਘਟਨਾ ਦੀ ਯਾਦ ਦਿਵਾਉਂਦਾ ਏ ਜਦੋਂ 25 ਜੂਨ 1975 ਨੂੰ ਭਾਰਤ ਦੇ ਸੰਵਿਧਾਨ ਨੂੰ ਕੁਚਲਿਆ ਗਿਆ ਸੀ। ਇਹ ਐਮਰਜੈਂਸੀ ਦੀਆਂ ਵਧੀਕੀਆਂ ਕਾਰਨ ਪੀੜਤ ਹਰੇਕ ਵਿਅਕਤੀ ਨੂੰ ਸ਼ਰਧਾਂਜਲੀ ਦੇਣ ਦਾ ਦਿਨ ਵੀ ਏ । 1975 ਵਿੱਚ ਇਸੇ ਦਿਨ, ਸਮਕਾਲੀ ਰਾਸ਼ਟਰਪਤੀ ਫਖਰੂਦੀਨ ਅਲੀ ਅਹਿਮਦ ਨੇ ਅੰਦਰੂਨੀ ਗੜਬੜ ਤੋਂ ਪੈਦਾ ਹੋਣ ਵਾਲੇ ਖਤਰਿਆਂ ਦਾ ਹਵਾਲਾ ਦਿੰਦੇ ਹੋਏ ਰਾਸ਼ਟਰੀ ਐਮਰਜੈਂਸੀ ਦਾ ਐਲਾਨ ਕੀਤਾ । ਨਤੀਜੇ ਵਜੋਂ, ਕਾਰਜਪਾਲਿਕਾ ਨੇ ਵਿਆਪਕ ਸ਼ਕਤੀਆਂ ਗ੍ਰਹਿਣ ਕਰ ਲਈਆਂ, ਅਤੇ ਅਧਿਕਾਰਾਂ 'ਤੇ ਵਧੇਰੇ ਕੇਂਦਰੀ ਕੰਟ੍ਰੋਲ ਦੀ ਵਰਤੋਂ ਕੀਤੀ ਗਈ। ਇਸ ਐਲਾਨ ਤੋਂ ਬਾਅਦ, ਕਈ ਸੰਵਿਧਾਨਕ ਸੁਰੱਖਿਆ ਉਪਾਵਾਂ ਨੂੰ ਮੁਅੱਤਲ ਕਰ ਦਿੱਤਾ ਗਿਆ।

---------------------------------------------------

ਉਪ ਰਾਸ਼ਟਰਪਤੀ ਸੀ.ਪੀ. ਰਾਧਾਕ੍ਰਿਸ਼ਨਨ ਅਤੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਐਮਰਜੈਂਸੀ ਦੌਰਾਨ ਲੋਕਤੰਤਰੀ ਕਦਰਾਂ-ਕੀਮਤਾਂ ਦੀ ਰੱਖਿਆ ਕਰਨ ਵਾਲਿਆਂ ਨੂੰ ਸ਼ਰਧਾਂਜਲੀ ਭੇਟ ਕੀਤੀ। ਇੱਕ ਸੋਸ਼ਲ ਮੀਡੀਆ ਸੰਦੇਸ਼ ਵਿੱਚ, ਉਨ੍ਹਾਂ ਕਿਹਾ ਕਿ ਐਮਰਜੈਂਸੀ ਭਾਰਤ ਦੇ ਇਤਿਹਾਸ ਵਿੱਚ ਇੱਕ ਮੁਸ਼ਕਲ ਦੌਰ ਸੀ, ਜਦੋਂ ਸੰਵਿਧਾਨ ਦੀਆਂ ਕਦਰਾਂ-ਕੀਮਤਾਂ ਦੀ ਸਖ਼ਤ ਪ੍ਰੀਖਿਆ ਹੋਈ ਸੀ। ਉਨ੍ਹਾਂ ਕਿਹਾ ਕਿ ਉਸ ਸਮੇਂ ਦੌਰਾਨ, ਨਾਗਰਿਕਾਂ ਦੇ ਬਹੁਤ ਸਾਰੇ ਅਧਿਕਾਰਾਂ ਨੂੰ ਸੀਮਤ ਕੀਤਾ ਗਿਆ ਸੀ, ਪ੍ਰਗਟਾਵੇ ਦੀ ਆਜ਼ਾਦੀ ਨੂੰ ਘਟਾ ਦਿੱਤਾ ਗਿਆ ਸੀ, ਅਤੇ ਲੋਕਤੰਤਰੀ ਸੰਸਥਾਵਾਂ ਵੀ ਪ੍ਰਭਾਵਿਤ ਹੋਈਆਂ ਸਨ। ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਅੱਜ ਉਨ੍ਹਾਂ ਸਾਰਿਆਂ ਨੂੰ ਸ਼ਰਧਾਂਜਲੀ ਭੇਟ ਕੀਤੀ ਜੋ ਐਮਰਜੈਂਸੀ ਦੌਰਾਨ ਲੋਕਤੰਤਰੀ ਕਦਰਾਂ-ਕੀਮਤਾਂ ਦੀ ਰੱਖਿਆ ਲਈ ਦ੍ਰਿੜਤਾ ਨਾਲ ਖੜ੍ਹੇ ਸਨ ਅਤੇ ਉਸ ਸਮੇਂ ਨੂੰ ਭਾਰਤ ਦੇ ਇਤਿਹਾਸ ਦੇ ਸਭ ਤੋਂ ਕਾਲੇ ਅਧਿਆਵਾਂ ਵਿੱਚੋਂ ਇੱਕ ਦੱਸਿਆ। ਇੱਕ ਸੋਸ਼ਲ ਮੀਡੀਆ ਪੋਸਟ ਵਿੱਚ, ਸ਼੍ਰੀ ਮੋਦੀ ਨੇ ਕਿਹਾ ਕਿ ਐਮਰਜੈਂਸੀ ਸੰਵਿਧਾਨ 'ਤੇ ਸਿੱਧਾ ਹਮਲਾ ਸੀ। ਉਨ੍ਹਾਂ ਕਿਹਾ ਕਿ ਇਸ ਸਮੇਂ ਦੌਰਾਨ, ਨਾਗਰਿਕ ਆਜ਼ਾਦੀਆਂ ਨੂੰ ਮੁਅੱਤਲ ਕਰ ਦਿੱਤਾ ਗਿਆ। ਮੋਦੀ ਨੇ ਕਿਹਾ ਕਿ ਸੰਵਿਧਾਨ 140 ਕਰੋੜ ਭਾਰਤੀਆਂ ਦੀਆਂ ਇੱਛਾਵਾਂ, ਅਧਿਕਾਰਾਂ ਅਤੇ ਕਰਤੱਵਾਂ ਨੂੰ ਦਰਸਾਉਂਦਾ ਏ । ਉਨ੍ਹਾਂ

ਜ਼ੋਰ ਦੇ ਕੇ ਕਿਹਾ ਕਿ ਭਾਰਤ ਨਿਆਂ, ਆਜ਼ਾਦੀ, ਸਮਾਨਤਾ ਅਤੇ ਭਾਈਚਾਰੇ ਦੇ ਸਿਧਾਂਤਾਂ ਦੀ ਰੱਖਿਆ ਲਈ ਵਚਨਬੱਧ ਏ।

---------------------------------------------------------

ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਬੇਅਦਬੀ ਵਾਲੀ ਕਥਿਤ ਵੀਡੀਓ 'ਤੇ ਵਿਵਾਦ ਘੱਟ ਨਹੀਂ ਹੋ ਰਿਹਾ ਏ। ਵੱਖ-ਵੱਖ ਰਾਜਨੀਤਿਕ ਪਾਰਟੀਆਂ ਦੇ ਆਗੂ ਉਨ੍ਹਾਂ ਦੇ ਅਸਤੀਫ਼ੇ ਅਤੇ ਇਸ ਮਾਮਲੇ ਦੀ ਨਿਰਪੱਖ ਜਾਂਚ ਦੀ ਮੰਗ ਕਰ ਰਹੇ ਨੇ। ਗੁਰਦੁਆਰਾ ਸੰਸਥਾ, ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਨੇ ਵੀ ਉਨ੍ਹਾਂ ਦੇ ਅਸਤੀਫ਼ੇ ਦੀ ਮੰਗ ਕੀਤੀ ਏ। ਗੁਰੂਗ੍ਰਾਮ ਪੁਲਿਸ ਵੱਲੋਂ ਬੀਤੇ ਕੱਲ੍ਹ FIR ਦਰਜ ਕਰਨ ਤੋਂ ਬਾਅਦ ਸ੍ਰੀ ਮਾਨ ਦੇ ਬਚਾਅ ਵਿੱਚ ਦਿੱਤੇ ਗਏ ਵੀਡੀਓ ਦੀਆਂ ਫੋਰੈਂਸਿਕ ਰਿਪੋਰਟਾਂ ਦੀ ਵੀ ਜਾਂਚ ਕੀਤੀ ਗਈ ਏ। ਰਿਪੋਰਟ ਵਿੱਚ ਧੋਖਾਧੜੀ ਅਤੇ ਜਾਅਲਸਾਜ਼ੀ ਦੇ ਇਲਜ਼ਾਮ ਸ਼ਾਮਲ ਨੇ। ਮੁੱਢਲੀ ਜਾਂਚ ਤੋਂ ਪਤਾ ਚੱਲਦਾ ਏ ਕਿ ਪੰਜਾਬ ਪੁਲਿਸ ਦੇ ਕੁਝ ਅਧਿਕਾਰੀਆਂ ਅਤੇ ਸੂਬੇ ਸਰਕਾਰ ਦੇ ਅਧਿਕਾਰੀਆਂ ਨੇ ਕਥਿਤ ਤੌਰ 'ਤੇ ਫੋਰੈਂਸਿਕ ਦਸਤਾਵੇਜ਼ਾਂ ਨੂੰ ਜਾਅਲੀ ਬਣਾਉਣ ਲਈ ਗੈਰ-ਕਾਨੂੰਨੀ ਅਦਾਇਗੀਆਂ ਦਾ ਪ੍ਰਬੰਧ ਕੀਤਾ ਸੀ। ਓਧਰ ਹਰਿਆਣਾ ਦੇ ਮੁੱਖ ਮੰਤਰੀ, ਨਾਇਬ ਸਿੰਘ ਸੈਣੀ ਨੇ ਕੱਲ੍ਹ ਪਟਿਆਲਾ ਵਿੱਚ ਪੱਤਰਕਾਰਾਂ ਨੂੰ ਦੱਸਿਆ ਕਿ ਉਨ੍ਹਾਂ ਨੂੰ ਮਾਮਲੇ ਸੰਬੰਧੀ ਇੱਕ ਰਿਪੋਰਟ ਮਿਲੀ ਏ ਅਤੇ ਗੁਰੂਗ੍ਰਾਮ ਸਥਿਤ ਇੱਕ ਪ੍ਰਯੋਗਸ਼ਾਲਾ ਵਲੋਂ

ਫੋਰੈਂਸਿਕ ਰਿਪੋਰਟ ਦੀ ਜਾਅਲਸਾਜ਼ੀ ਦਾ ਪਤਾ ਲਗਾਉਣ ਲਈ ਡੂੰਘਾਈ ਨਾਲ ਜਾਂਚ ਕੀਤੀ ਜਾ ਰਹੀ ਏ।

BYTE

ਇਸ ਦੌਰਾਨ, ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਇੱਕ ਵੀਡੀਓ ਸੰਦੇਸ਼ ਵਿੱਚ ਕਿਹਾ ਕਿ ਪ੍ਰਸਾਰਿਤ ਕੀਤੀ ਜਾ ਰਹੀ ਵੀਡੀਓ ਜਾਅਲੀ ਏ ਅਤੇ ਉਨ੍ਹਾਂ ਦਾ ਅਕਸ ਖਰਾਬ ਕਰਨ ਲਈ ਇਸਨੂੰ ਵਰਤਿਆ ਜਾ ਰਿਹਾ ਏ। ਉਨ੍ਹਾਂ ਕਿਹਾ ਕਿ ਵਿਰੋਧੀ ਧਿਰ ਧਰਮ ਦੇ ਨਾਮ 'ਤੇ ਲੋਕਾਂ ਨੂੰ ਗੁੰਮਰਾਹ ਕਰ ਰਹੀ ਏ ਅਤੇ ਸੌੜੀ ਸੋਚ ਵਾਲੀ ਰਾਜਨੀਤੀ ਦਾ ਸਹਾਰਾ ਲੈ ਰਹੀ ਏ।

BYTE

---------------------------------------------------------

ਪੰਜਾਬ ਭਰ ਵਿੱਚ ਅੱਜ ਤੋਂ ਮਹੀਨਾ ਭਰ ਚੱਲਣ ਵਾਲੀ ਵੋਟਰ ਸੂਚੀਆਂ ਦੀ ਵਿਸ਼ੇਸ਼ ਤੀਬਰ ਸੋਧ-SIR ਸ਼ੁਰੂ ਹੋ ਗਈ ਏ। ਇਹ 24 ਜੁਲਾਈ ਤੱਕ ਜਾਰੀ ਰਹੇਗੀ। ਅੱਜ ਤੋਂ 24 ਜੁਲਾਈ ਤੱਕ ਬੂਥ-ਪੱਧਰ ਅਧਿਕਾਰੀ-BLOs ਘਰ-ਘਰ ਦੌਰੇ ਦੌਰਾਨ ਗਣਨਾ ਫਾਰਮਾਂ ਦੀ ਵੰਡ, ਭਰਨ ਅਤੇ ਜਾਣਕਾਰੀ ਇਕੱਤਰ ਕਰਨਗੇ। ਅੰਤਿਮ ਵੋਟਰ ਸੂਚੀ ਪਹਿਲੀ ਅਕਤੂਬਰ ਨੂੰ ਪ੍ਰਕਾਸ਼ਿਤ ਕੀਤੀ ਜਾਵੇਗੀ।

----------------------------------------------------------------

ਪੰਜਾਬ ਰਾਜ ਅਨੁਸੂਚਿਤ ਜਾਤੀਆਂ ਕਮਿਸ਼ਨ ਨੇ 26 ਮਈ ਨੂੰ ਧੂਰੀ ਵਿਖੇ ਕਥਿਤ ਜਾਤੀਵਾਦੀ ਟਿੱਪਣੀਆਂ ਦੇ ਸੰਬੰਧ ਵਿੱਚ ਕੇਂਦਰੀ ਮੰਤਰੀ ਰਵਨੀਤ ਸਿੰਘ ਬਿੱਟੂ ਵੱਲੋਂ ਬਿਨਾਂ ਸ਼ਰਤ ਮੁਆਫ਼ੀ ਸਵੀਕਾਰ ਕਰ ਲਈ ਏ ਅਤੇ ਉਨ੍ਹਾਂ ਨੂੰ ਪੰਜਾਬ ਦੇ ਚਾਰ ਪਵਿੱਤਰ ਸਥਾਨਾਂ - ਫਿਲੌਰ ਵਿੱਚ ਡੇਰਾ ਬਾਬਾ ਬ੍ਰਹਮ ਦਾਸ, ਡੇਰਾ ਸੱਚ ਖੰਡ ਬੱਲਾਂ, ਅੰਮ੍ਰਿਤਸਰ ਵਿੱਚ ਭਗਵਾਨ ਵਾਲਮੀਕਿ ਤੀਰਥ ਸਥਲ-ਰਾਮ ਤੀਰਥ ਅਤੇ ਸ੍ਰੀ ਹਰਿਮੰਦਰ ਸਾਹਿਬ - ਵਿਖੇ ਮੱਥਾ ਟੇਕਣ ਅਤੇ ਸੇਵਾ ਕਰਨ ਲਈ ਕਿਹਾ ਏ । ਇਸ ਤੋਂ ਪਹਿਲਾਂ, ਸ੍ਰੀ ਬਿੱਟੂ ਕੱਲ੍ਹ ਚੰਡੀਗੜ੍ਹ ਵਿੱਚ ਕਮਿਸ਼ਨ ਦੇ ਸਾਹਮਣੇ ਮੁਆਫ਼ੀ ਮੰਗਣ ਲਈ ਪੇਸ਼ ਹੋਏ ਸਨ।

----------------------------------------------------------------

ਸਾਬਕਾ ਕੇਂਦਰੀ ਰਾਜ ਮੰਤਰੀ ਵਿਜੇ ਸਾਂਪਲਾ, ਜੋ ਬੀਤੇ ਕੱਲ੍ਹ, 2015 ਵਿੱਚ ਬਹਿਬਲ ਕਲਾਂ ਗੋਲੀਬਾਰੀ ਦੀ ਘਟਨਾ ਦੀ ਜਾਂਚ ਕਰ ਰਹੀ, ਵਿਸ਼ੇਸ਼ ਜਾਂਚ ਟੀਮ-ਸੀਟ ਦੇ ਸਾਹਮਣੇ ਜਲੰਧਰ ਸਥਿਤ ਪੀ.ਏ.ਪੀ ਕੰਪਲੈਕਸ ਵਿਖੇ ਪੇਸ਼ ਹੋਏ, ਨੂੰ 28 ਜੂਨ ਨੂੰ ਦੁਬਾਰਾ ਤਲਬ ਕੀਤਾ ਗਿਆ ਏ । ਸ੍ਰੀ ਸਾਂਪਲਾ ਨੇ ਕਿਹਾ ਕਿ ਭਾਵੇਂ ਉਹ ਐਸ.ਆਈ.ਟੀ ਨਾਲ ਸਹਿਯੋਗ ਕਰਨ ਲਈ ਪੂਰੀ ਤਰ੍ਹਾਂ ਵਚਨਬੱਧ ਨੇ , ਪਰ ਦੂਜੇ ਸੰਮਨ ਤੋਂ ਬਾਅਦ ਵੀ,

ਉਨ੍ਹਾਂ ਨੂੰ ਮਾਮਲੇ ਨਾਲ ਕਿਸੇ ਵੀ ਸਬੰਧ ਦਾ ਕੋਈ ਦਸਤਾਵੇਜ਼ੀ ਆਧਾਰ ਪ੍ਰਦਾਨ ਨਹੀਂ ਕੀਤਾ ਗਿਆ।

---

ਪੰਜਾਬ – ਚੰਡੀਗੜ੍ਹ ਵਿਰਾਸਤੀ ਕੁਰਸੀਆਂ ਦੀ ਨਿਲਾਮੀ ਰੱਦ-ਐਮਈਏ: ਫਰਾਂਸ ਵਿੱਚ ਭਾਰਤੀ ਦੂਤਾਘਰ ਦੇ ਦਖਲ ਤੋਂ ਬਾਅਦ ਅੱਜ ਪੈਰਿਸ ਵਿੱਚ ਹੋਣ ਵਾਲੀ ਚੰਡੀਗੜ੍ਹ ਦੇ ਵਿਰਾਸਤੀ ਫਰਨੀਚਰ ਦੀ ਨਿਲਾਮੀ ਰੋਕ ਦਿੱਤੀ ਗਈ ਏ । ਸਵਿਜ਼ਰਲੈਂਡ ਦੇ ਪ੍ਰਸਿੱਧ ਆਰਕੀਟੈਕਟ ਅਤੇ ਫਰਨੀਚਰ ਡਿਜ਼ਾਈਨਰ, ਪੀਅਰੇ ਜੀਨੇਰੇ ਵਲੋਂ ਡਿਜ਼ਾਈਨ ਕੀਤੀਆਂ ਗਈਆਂ ਦੋ ਕੁਰਸੀਆਂ ਦੀ ਅੱਜ ਨਿਲਾਮੀ ਹੋਣੀ ਸੀ। ਇੱਕ ਅਧਿਕਾਰਤ ਬਿਆਨ ਵਿੱਚ, ਚੰਡੀਗੜ੍ਹ ਪ੍ਰਸ਼ਾਸਨ ਨੇ ਸੂਚਿਤ ਕੀਤਾ ਏ ਕਿ ਵਿਦੇਸ਼ ਮੰਤਰਾਲੇ ਦੇ ਦਖਲ ਤੋਂ ਬਾਅਦ ਸਬੰਧਤ ਵਸਤੂਆਂ ਨੂੰ ਨਿਲਾਮੀ ਤੋਂ ਵਾਪਸ ਲੈ ਲਿਆ ਗਿਆ ਏ । ਇਹ ਕਾਰਵਾਈ ਕੇਂਦਰ ਸ਼ਾਸਿਤ ਪ੍ਰਦੇਸ਼ ਚੰਡੀਗੜ੍ਹ ਦੇ ਪ੍ਰਸ਼ਾਸਕ ਗੁਲਾਬ ਚੰਦ ਕਟਾਰੀਆ ਦੇ ਨਿਰਦੇਸ਼ਾਂ 'ਤੇ ਚੰਡੀਗੜ੍ਹ ਦੇ ਸੱਭਿਆਚਾਰਕ ਵਿਭਾਗ ਨੂੰ ਕੀਤੀ ਗਈ ਸੀ, ਜਿਨ੍ਹਾਂ ਨੇ ਤੁਰੰਤ ਕੂਟਨੀਤਕ ਦਖਲ ਦੀ ਮੰਗ ਕਰਦੇ ਹੋਏ ਇਹ ਮਾਮਲਾ ਵਿਦੇਸ਼ ਮੰਤਰਾਲੇ ਕੋਲ ਉਠਾਇਆ। ਚੰਡੀਗੜ੍ਹ ਪ੍ਰਸ਼ਾਸਨ ਨੇ ਕੀਮਤੀ ਵਿਰਾਸਤੀ ਸੰਪਤੀਆਂ ਦੀ ਸੁਰੱਖਿਆ ਵਿੱਚ ਸਮੇਂ ਸਿਰ ਸਹਾਇਤਾ ਲਈ ਮੰਤਰਾਲੇ ਦਾ ਧੰਨਵਾਦ ਕੀਤਾ ਏ । ਪ੍ਰਸ਼ਾਸਨ ਨੇ ਵਸਤੂਆਂ ਦੀ ਤਸਦੀਕ, ਰਿਕਵਰੀ ਅਤੇ ਵਾਪਸੀ

ਲਈ ਸਾਰੇ ਜ਼ਰੂਰੀ ਕਦਮ ਚੁੱਕਣ ਦੀ ਆਪਣੀ ਵਚਨਬੱਧਤਾ ਨੂੰ ਦੁਹਰਾਇਆ।

----------------------------------------------------